# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 24-02-2025**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਦੇ ਕਿਸਾਨਾਂ ਨੂੰ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦੀ ਛੇਵੀਂ ਵਰ੍ਹੇਗੰਢ 'ਤੇ ਵਧਾਈ ਦਿੱਤੀ ਏ। ਇਕ ਸੋਸ਼ਲ ਮੀਡੀਆ ਪੋਸਟ ਵਿਚ, ਸ਼੍ਰੀ ਮੋਦੀ ਨੇ ਸੰਤੁਸ਼ਟੀ ਪ੍ਰਗਟ ਕੀਤੀ ਕਿ ਹੁਣ ਤੱਕ ਇਸ ਯੋਜਨਾ ਤਹਿਤ ਲਗਭਗ 3.5 ਲੱਖ ਕਰੋੜ ਰੁਪਏ ਕਿਸਾਨਾਂ ਦੇ ਖਾਤਿਆਂ ਵਿੱਚ ਪਹੁੰਚ ਚੁੱਕੇ ਨੇ । ਉਨ੍ਹਾਂ ਕਿਹਾ, ਇਹ ਯਤਨ ਦੇਸ਼ ਦੇ ਕਿਸਾਨਾਂ ਨੂੰ ਸਨਮਾਨ, ਖੁਸ਼ਹਾਲੀ ਤੇ ਨਵੀਂ ਤਾਕਤ ਦੇ ਰਿਹਾ ਏ । ਪ੍ਰਧਾਨ ਮੰਤਰੀ ਨੇ ਕਿਹਾ, ਪਿਛਲੇ ਦਸ ਸਾਲਾਂ ਵਿੱਚ, ਉਨ੍ਹਾਂ ਦੀ ਸਰਕਾਰ ਦੇ ਯਤਨਾਂ ਕਾਰਨ, ਦੇਸ਼ ਵਿੱਚ ਖੇਤੀਬਾੜੀ ਖੇਤਰ ਤੇਜ਼ੀ ਨਾਲ ਵਿਕਸਤ ਹੋਇਆ ਏ । ਉਨ੍ਹਾਂ ਕਿਹਾ, ਲੱਖਾਂ ਛੋਟੇ ਕਿਸਾਨਾਂ ਨੂੰ ਦਿੱਤੀ ਜਾ ਰਹੀ ਵਿੱਤੀ ਮਦਦ ਕਾਰਨ, ਹੁਣ ਉਨ੍ਹਾਂ ਲਈ ਬਾਜ਼ਾਰ ਪਹੁੰਚਯੋਗ ਹੋ ਗਿਆ ਏ । ਸ਼੍ਰੀ ਮੋਦੀ ਨੇ ਕਿਹਾ, ਇਸ ਦੇ ਨਾਲ, ਖੇਤੀਬਾੜੀ ਦੀ ਲਾਗਤ ਘਟੀ ਏ ਤੇ ਉਨ੍ਹਾਂ ਦੀ ਆਮਦਨ ਵੀ ਵਧੀ ਏ । ਇਕ ਹੋਰ ਪੋਸਟ ਵਿਚ, ਪ੍ਰਧਾਨ ਮੰਤਰੀ ਨੇ ਕਿਹਾ, ਦੇਸ਼ ਨੂੰ ਆਪਣੇ ਕਿਸਾਨਾਂ 'ਤੇ ਮਾਣ ਏ । ਕਿਸਾਨਾਂ ਦੇ ਭੱਤਿਆਂ ਲਈ ਕੀਤੀਆਂ ਗਈਆਂ ਪਹਿਲਕਦਮੀਆਂ ਬਾਰੇ ਸ਼੍ਰੀ

ਮੋਦੀ ਨੇ ਕਿਹਾ, ਸਰਕਾਰ ਉਨ੍ਹਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਵਚਨਬੱਧ ਏ।

----------------------------------------------------------------

ਪੰਜਾਬ ਵਿਚ, 16ਵੀਂ ਵਿਧਾਨ ਸਭਾ ਦਾ ਦੋ-ਰੋਜ਼ਾ 7ਵਾਂ ਇਜਲਾਸ ਅੱਜ ਚੰਡੀਗੜ੍ਹ ਵਿਖੇ ਸ਼ੁਰੂ ਹੋਇਆ। ਇਜਲਾਸ ਦੇ ਪਹਿਲੇ ਦਿਨ, ਸਦਨ ਨੇ ਹਾਲ ਹੀ ਵਿਚ ਵਿਛੋੜਾ ਦੇ ਗਈਆਂ ਪ੍ਰਮੁੱਖ ਸ਼ਖਸੀਅਤਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਸਪੀਕਰ ਕੁਲਤਾਰ ਸਿੰਘ ਸੰਧਵਾਂ ਵਲੋਂ ਸਦਨ ਨੂੰ ਦੁਪਹਿਰ 12.30 ਵਜੇ ਤੱਕ ਮੁਲਤਵੀ ਕਰਨ ਤੋਂ ਪਹਿਲਾਂ ਦੋ ਮਿੰਟ ਦਾ ਮੌਨ ਵੀ ਰੱਖਿਆ ਗਿਆ। ਲੰਬਿਤ ਬਿੱਲਾਂ ਅਤੇ ਹੋਰ ਵਿਧਾਨਕ ਕੰਮਾਂ ਨੂੰ ਹੱਲ ਕਰਨ ਲਈ ਇਕ ਵਿਸ਼ੇਸ਼ ਦੋ-ਰੋਜ਼ਾ ਇਜਲਾਸ ਦਾ ਐਲਾਨ ਕੀਤਾ ਗਿਆ ਏ।

----------------------------------------------------------------

ਪੰਜਾਬ ਵਿਚ, 16ਵੀਂ ਵਿਧਾਨ ਸਭਾ ਦਾ ਦੋ-ਰੋਜ਼ਾ 7ਵਾਂ ਇਜਲਾਸ ਅੱਜ ਚੰਡੀਗੜ੍ਹ ਵਿਖੇ ਸ਼ੁਰੂ ਹੋਇਆ। ਇਜਲਾਸ ਦੇ ਪਹਿਲੇ ਦਿਨ, ਸਦਨ ਨੇ ਹਾਲ ਹੀ ਵਿਚ ਵਿਛੋੜਾ ਦੇ ਗਈਆਂ ਪ੍ਰਮੁੱਖ ਸ਼ਖਸੀਅਤਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਸਪੀਕਰ ਕੁਲਤਾਰ ਸਿੰਘ ਸੰਧਵਾਂ ਵਲੋਂ ਸਦਨ ਨੂੰ ਦੁਪਹਿਰ 12.30 ਵਜੇ ਤੱਕ ਮੁਲਤਵੀ ਕਰਨ ਤੋਂ ਪਹਿਲਾਂ ਦੋ ਮਿੰਟ ਦਾ ਮੌਨ ਵੀ ਰੱਖਿਆ ਗਿਆ। ਲੰਬਿਤ ਬਿੱਲਾਂ ਅਤੇ ਹੋਰ ਵਿਧਾਨਕ

ਕੰਮਾਂ ਨੂੰ ਹੱਲ ਕਰਨ ਲਈ ਇਕ ਵਿਸ਼ੇਸ਼ ਦੋ-ਰੋਜ਼ਾ ਇਜਲਾਸ ਦਾ ਐਲਾਨ ਕੀਤਾ ਗਿਆ ਏ।

---------------------------------------------------------------

ਮੰਡੀ ਗੋਬਿੰਦਗੜ੍ਹ ਵਿਚ ਵਾਪਰੇ ਸੜਕ ਹਾਦਸੇ ਵਿਚ ਇਕ ਹੀ ਪਰਿਵਾਰ ਦੇ 4 ਜੀਆਂ ਦੀ ਮੌਕੇ ਤੇ ਮੌਤ ਹੋ ਗਈ ਏ ਜਦਕਿ ਗੰਭੀਰ ਰੂਪ ਵਿਚ ਜ਼ਖਮੀ ਇਕ ਮਹਿਲਾ ਨੂੰ ਲੁਧਿਆਣਾ ਦੇ ਪ੍ਰਾਈਵੇਟ ਹਸਪਤਾਲ ਰੈਫਰ ਕੀਤਾ ਗਿਆ ਏ। ਪੁਲਿਸ ਥਾਣਾ ਮੰਡੀ ਗੋਬਿੰਦਗੜ੍ਹ ਦੇ ਮੁਖੀ ਇੰਸਪੈਕਟਰ ਅਰਸ਼ਦੀਪ ਸ਼ਰਮਾ ਨੇ ਦੱਸਿਆ ਕਿ ਇਹ ਪਰਿਵਾਰ ਮਹਾਕੁੰਭ ਤੋਂ ਵਾਪਿਸ ਲੁਧਿਆਣਾ ਪਰਤ ਰਹੇ ਸਨ। ਕਾਰ ਵਿਚ ਇਕ ਬੱਚੀ ਸਮੇਤ ਕੁੱਲ 5 ਲੋਕ ਸਵਾਰ ਸਨ। ਜਿਵੇਂ ਹੀ ਇਹ ਕਾਰ ਮੰਡੀ ਗੋਬਿੰਦਗੜ ਪਹੁੰਚੀ ਤਾਂ ਇਕ ਪਿੱਲਰ ਨਾਲ ਜਾ ਟਕਰਾਈ, ਜਿਸ ਕਾਰਨ ਕਾਰ ਵਿਚ ਸਵਾਰ ਚਾਰ ਵਿਅਕਤੀਆਂ ਸਮੇਤ ਇਕ ਛੋਟੀ ਬੱਚੀ ਦੀ ਮੌਤ ਹੋ ਗਈ।

---------------------------------------------------------------

ਅੰਮ੍ਰਿਤਸਰ ਤੋਂ ਹਿੰਦੂ ਤੀਰਥ ਯਾਤਰੀਆਂ ਦਾ ਜੱਥਾ ਪਾਕਿਸਤਾਨ ਚ ਕਟਾਸ ਰਾਜ ਦੀ ਯਾਤਰਾ ਲਈ ਅਟਾਰੀ ਵਾਹਗਾ ਸਰਹੱਦ ਰਾਹੀਂ ਗੁਆਂਢੀ ਮੁਲਕ ਰਵਾਨਾ ਹੋਵੇਗਾ। ਵੱਖ-ਵੱਖ ਸੂਬਿਆਂ ਤੋਂ ਪਹੁੰਚੇ ਸ਼ਰਧਾਲੂ ਦੁਰਗਿਆਣਾ ਤੀਰਥ ਵਿਖੇ ਇਕੱਠੇ ਹੋਏ ਜਿੱਥੇ ਦੁਰਗਿਆਣਾ

ਤੀਰਥ ਕਮੇਟੀ ਦੇ ਪ੍ਰਬੰਧਕਾਂ ਵਲੋਂ ਇਨਾਂ ਹਿੰਦੂ ਤੀਰਥ ਯਾਤਰੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਦੁਰਗਿਆਣਾ ਤੀਰਥ ਕਮੇਟੀ ਦੀ ਪ੍ਰਧਾਨ ਤੇ ਸਾਬਕਾ ਮੰਤਰੀ ਲਕਸ਼ਮੀ ਕਾਂਤਾ ਚਾਵਲਾ ਨੇ ਕਿਹਾ ਕਿ ਹਰ ਸਾਲ ਦੀ ਤਰਾਂ ਇਸ ਵਾਰ ਵੀ ਸ਼ਿਵਰਾਤਰੀ ਮੌਕੇ ਦਿੱਲੀ ਤੋਂ ਸ਼ਿਵ ਪਰਿਵਾਰਾਂ ਦਾ ਸਮੂਹ ਕਟਾਸ ਰਾਜ ਦੀ ਯਾਤਰਾ ਲਈ ਪਕਿਸਤਾਨ ਰਵਾਨਾ ਹੋ ਰਿਹਾ ਏ। ਉਹਨਾਂ ਕਿਹਾ ਕਿ 144 ਦੇ ਕਰੀਬ ਹਿੰਦੂ ਸ਼ਰਧਾਲੂ ਪਾਕਿਸਤਾਨ ਜਾ ਰਹੇ ਨੇ। ਇਸ ਮੌਕੇ ਜੱਥੇ ਦੇ ਆਗੂਆਂ ਨੇ ਕਿਹਾ ਕਿ ਸਾਨੂੰ ਬਹੁਤ ਖੁਸ਼ੀ ਏ ਕਿ ਅਸੀਂ ਆਪਣੇ ਗੁਰਧਾਮਾਂ ਦੇ ਦਰਸ਼ਨ ਲਈ ਪਾਕਿਸਤਾਨ ਲਈ ਜਾ ਰਹੇ ਹਾਂ।

--------------------------------------------------------------

ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਬਠਿੰਡਾ ਦੇ ਬਾਬਾ ਫਰੀਦ ਗਰੁੱਪ ਆਫ ਇੰਸਟੀਚਿਊਟ ਦੇ 10ਵੇਂ ਅੰਤਰਰਾਸ਼ਟਰੀ ਮੇਲੇ 'ਵਿਬਗਿਓਰ-25' 'ਚ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਆਪਣੇ ਸੰਬੋਧਨ ਵਿਚ ਸ. ਖੁੱਡੀਆਂ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਨੇ, ਜਿਸ ਤਹਿਤ ਹੁਣ ਤੱਕ ਸੂਬਾ ਸਰਕਾਰ ਵਲੋਂ ਪੰਜਾਬ ਦੇ 51000 ਹਜ਼ਾਰ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਨੇ। ਸ. ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨੀ ਲਈ ਹਮੇਸ਼ਾ ਤਤਪਰ

ਏ  ਤੇ ਕਿਸਾਨਾਂ ਦੇ ਮੋਢੇ ਨਾਲ ਮੋਢਾ ਲਾ ਕੇ ਖੜ੍ਹੀ ਹੈ। ਉਹਨਾਂ ਕਿਹਾ ਕਿ ਸੂਬਾ ਸਰਕਾਰ ਵਲੋਂ ਆਮ ਲੋਕਾਂ ਦੀ ਭਲਾਈ ਲਈ ਵੀ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਨੇ। ਇਸ ਦੌਰਾਨ ਇੰਸਟੀਚਿਊਟ ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਨੇ ਕਿਹਾ ਕਿ ਬਾਬਾ ਫ਼ਰੀਦ ਗਰੁੱਪ ਆਫ਼ ਇੰਸਟੀਚਿਊਟ ਵੱਲੋਂ ਵਿਦਿਆਰਥੀਆਂ ਨੂੰ ਰੁਜ਼ਗਾਰਮੁਖੀ ਸਿੱਖਿਆ ਪ੍ਰਦਾਨ ਕਰਨ ਦੇ ਨਾਲ-ਨਾਲ ਉਹਨਾਂ ਦੀ ਸ਼ਖ਼ਸੀਅਤ ਉਸਾਰੀ ਲਈ ਅਨੇਕ ਉਪਰਾਲੇ ਕੀਤੇ ਜਾਂਦੇ ਨੇ।

---

ਸਿਹਤ ਵਿਭਾਗ ਤੇ ਫ਼ਰੀਦਕੋਟ ਸਾਈਕਲਿੰਗ ਗਰੁੱਪ ਵਲੋਂ ਕਰਵਾਏ ਈਟ ਰਾਈਟ ਇੰਡੀਆ ਸਾਈਕਲਥੋਨ ਨੂੰ ਐਮ.ਐਲ.ਏ. ਗੁਰਦਿੱਤ ਸਿੰਘ ਸੇਖੋ ਨੇ ਰਵਾਨਾ ਕੀਤਾ ਤੇ ਖੁਦ ਵੀ ਸਾਈਕਲਥੋਨ ਵਿੱਚ ਭਾਗ ਲਿਆ। ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਕਿਹਾ ਕਿ ਚੰਗਾ ਖਾਣਾ ਖਾ ਕੇ ਤੇ ਕਸਰਤ ਕਰਕੇ ਬਿਮਾਰੀਆਂ ਤੋਂ ਦੂਰ ਰਿਹਾ ਜਾ ਸਕਦਾ ਏ। ਉਹਨਾਂ ਕਿਹਾ ਕਿ ਬਾਬਾ ਫਰੀਦ ਸੱਭਿਆਚਾਰਕ ਕੇਂਦਰ ਵਿਖੇ 28 ਫਰਵਰੀ ਨੂੰ ਈਟ ਰਾਈਟ ਮੇਲੇ ਦਾ ਆਯੋਜਨ ਵੀ ਕੀਤਾ ਜਾ ਰਿਹਾ ਏ , ਜੋ ਕਿ ਲੋਕਾਂ ਵਿੱਚ ਚੰਗਾ ਖਾਣ ਪੀਣ ਨੂੰ ਉਤਸ਼ਾਹਿਤ ਕਰਨ ਲਈ ਮਨਾਇਆ ਜਾ ਰਿਹਾ ਹੈ। ਇਸ ਮੌਕੇ ਸਿਵਲ ਸਰਜਨ ਡਾ. ਚੰਦਰਸ਼ੇਖਰ ਕੱਕੜ ਨੇ ਕਿਹਾ ਕਿ ਲੋਕਾਂ ਨੂੰ ਚੰਗਾ ਖਾਣ ਤੇ ਤੰਦਰੁਸਤ ਰਹਿਣ ਬਾਰੇ ਜਾਗਰੂਕ ਕਰਨ ਲਈ ਈਟ ਰਾਈਟ ਮੇਲਾ ਲਗਾਇਆ ਜਾ ਰਿਹਾ ਏ।